# ਅੱਜ ਦੇ ਦਿਨ 6 ਪੋਹ 2023
# (ਮਿਤੀ 21 ਦਸੰਬਰ, 2023) ਦਾ ਇਤਿਹਾਸ

# ਨਿੱਕੀਆਂ ਜ਼ਿੰਦਾਂ ਵੱਡਾ ਸਾਕਾ

## ਗੌਰਵਮਈ ਸ਼ਹੀਦੀ ਸਾਕੇ ਦਾ ਪਹਿਲਾ ਦਿਨ

ਅੱਜ ਤੋਂ ਗੌਰਵਮਈ ਸਿੱਖ ਇਤਿਹਾਸ ਦਾ ਨਿੱਕੀਆਂ ਜ਼ਿੰਦਾਂ-ਵੱਡਾ ਸਾਕਾ ਅਰੰਭ ਹੁੰਦਾ ਹੈ। ਇਸ ਸੰਦਰਭ ਵਿੱਚ ਆਤਮ ਪਰਗਾਸ ਸੋਸ਼ਲ ਵੈਲਫ਼ੇਅਰ ਕੌਂਸਲ ਵੱਲੋਂ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਲੜੀਵਾਰ ਇਤਿਹਾਸ ਅਤੇ ਵੀਡੀਓ ਕਲਿੱਪ ਸਾਂਝੇ ਕੀਤੇ ਜਾਣਗੇ। ਇਸ ਇਤਿਹਾਸ ਨੂੰ ਆਪਣੇ ਪਰਿਵਾਰਾਂ ਵਿੱਚ ਸਾਂਝਾ ਕਰੋ ਅਤੇ ਹੋਰਨਾਂ ਨੂੰ ਵੀ ਪੜ੍ਹਨ, ਸੁਣਨ ਅਤੇ ਦੇਖਣ ਲਈ ਭੇਜੋ ਜੀ।

**ਪਿਛੋਕੜ:** ਵਜ਼ੀਰ ਖ਼ਾਨ ਦੁਆਰਾ ਭੇਜੇ ਗਏ ਪੈਗ਼ਾਮ ਨਾਲ ਪਹਾੜੀ ਰਾਜਿਆਂ ਅਤੇ ਮੁਗਲਾਂ ਵਿੱਚ ਸਮਝੌਤਾ ਹੋਣ ਉਪਰੰਤ ਉਨ੍ਹਾਂ ਨੇ ਰਲ਼ ਕੇ ਅਨੰਦਪੁਰ ਸਾਹਿਬ ਦੇ ਕਿਲ੍ਹੇ ਉੱਤੇ ਧਾਵਾ ਬੋਲ ਦਿੱਤਾ ਸੀ ਅਤੇ ਜੰਗ ਚੱਲ ਰਹੀ ਸੀ।

6 ਮਹੀਨੇ ਬੀਤ ਗਏ, ਮੁਗਲਾਂ ਅਤੇ ਪਹਾੜੀ ਰਾਜਿਆਂ ਦੇ ਸਿਪਾਹੀਆਂ ਵਿੱਚ ਬਿਮਾਰੀ ਫੈਲਣ ਲੱਗ ਪਈ।

ਕਿਲ੍ਹੇ ਵਿੱਚ ਰਹਿ ਰਹੇ ਸਿੰਘਾਂ ਕੋਲ ਵੀ ਖਾਣ-ਪੀਣ ਦਾ ਸਮਾਨ ਮੁੱਕਣ ਲੱਗਾ।ਅੱਤ ਦੀ ਸਰਦੀ ਵਿੱਚ ਉਨ੍ਹਾਂ ਕੋਲ ਜ਼ਰੂਰਤ ਦਾ ਸਮਾਨ ਵੀ ਥੋੜ੍ਹਾ ਰਹਿ ਗਿਆ।

ਇਸ ਔਖੇ ਸਮੇਂ ਦੌਰਾਨ 40 ਸਿੰਘਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਬੇਦਾਵਾ ਲਿਖ ਕੇ ਦੇ ਦਿੱਤਾ ਕਿ 'ਅਸੀਂ ਤੁਹਾਡੇ ਸਿੱਖ ਨਹੀਂ, ਤੁਸੀਂ ਸਾਡੇ ਗੁਰੂ ਨਹੀਂ' ਅਤੇ ਕਿਲ੍ਹਾ ਛੱਡ ਕੇ ਚਲੇ ਗਏ।

ਅੱਜ ਦੇ ਦਿਨ 6 ਪੋਹ ਸੰਮਤ 1761 ਬਿਕਰਮੀ (1704 ਈਸਵੀ) ਨੂੰ, ਵਜ਼ੀਰ ਖ਼ਾਨ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਸੁਨੇਹਾ ਭੇਜਿਆ ਕਿ ਜੇਕਰ ਸਿੱਖ ਚੁੱਪ-ਚਾਪ ਅਨੰਦਪੁਰ ਸਾਹਿਬ ਦਾ ਕਿਲ੍ਹਾ ਖ਼ਾਲੀ ਕਰ ਦੇਣ ਤਾਂ ਪਹਾੜੀ ਰਾਜੇ ਅਤੇ ਮੁਗ਼ਲ ਸੈਨਾ ਉਨ੍ਹਾਂ ਤੇ ਹਮਲਾ ਨਹੀਂ ਕਰੇਗੀ।ਆਪਣੇ ਵਾਅਦਿਆਂ ਦਾ ਭਰੋਸਾ ਦਿਵਾਉਣ ਲਈ ਮੁਗਲਾਂ ਅਤੇ ਹਿੰਦੂ ਰਾਜਿਆਂ ਨੇ ਆਪਣੇ ਧਰਮ ਅਤੇ ਇਸ਼ਟ ਦੀਆਂ ਝੂਠੀਆਂ ਕਸਮਾਂ ਖਾਣ ਦਾ ਨਾਟਕ ਵੀ ਕੀਤਾ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਮੁਗਲ ਅਤੇ ਹਿੰਦੂ ਹਾਕਮਾਂ ਦੀ ਮਾੜੀ ਨੀਅਤ ਤੋਂ ਜਾਣੂ ਸਨ ਪਰ ਸਿੰਘਾਂ ਦੇ ਕਹਿਣ ਤੇ ਗੁਰੂ ਜੀ ਨੇ ਸ਼ਾਂਤੀ ਨਾਲ ਕਿਲ੍ਹਾ ਖਾਲੀ ਕਰ ਦੇਣ ਦਾ ਪ੍ਰਸਤਾਵ ਪ੍ਰਵਾਨ ਕਰ ਲਿਆ।

ਇਸ ਦੌਰਾਨ ਛੋਟੇ ਸਾਹਿਬਜ਼ਾਦੇ, ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਿਹ ਸਿੰਘ ਜੀ, ਮਾਤਾ ਗੁਜਰ ਕੌਰ ਜੀ, ਮਾਤਾ ਸਾਹਿਬ ਕੌਰ ਜੀ ਅਤੇ ਹੋਰ ਸਿੰਘਾਂ ਦੇ ਜਥੇ ਨਾਲ ਅੱਗੇ-ਅੱਗੇ ਅਤੇ ਵੱਡੇ ਸਾਹਿਬਜ਼ਾਦੇ ਸਾਰੇ ਸਿੰਘਾਂ ਦੇ ਪਿੱਛੇ-ਪਿੱਛੇ ਜਥੇ ਦੀ ਰਾਖੀ ਕਰਦੇ ਚੱਲ ਪਏ।

ਵਜ਼ੀਰ ਖ਼ਾਨ ਨੂੰ ਜਦੋਂ ਪਤਾ ਲੱਗਾ ਕਿ ਗੁਰੂ ਜੀ ਅਤੇ ਸਿੰਘ ਕਿਲ੍ਹਾ ਖਾਲੀ ਕਰ ਕੇ ਜਾ ਰਹੇ ਹਨ ਤਾਂ ਉਸਨੇ ਆਪਣੀਆਂ ਸਾਰੀਆਂ ਕਸਮਾਂ ਤੋੜ ਦਿੱਤੀਆਂ ਅਤੇ ਪਿੱਛੇ ਤੋਂ ਸਿੰਘਾਂ ਤੇ ਹਮਲਾ ਬੋਲ ਦਿੱਤਾ।ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਅਗਵਾਈ ਵਿੱਚ ਇਸ ਹਮਲੇ ਦਾ ਮੂੰਹ ਤੋੜਵਾਂ ਜਵਾਬ ਦਿੰਦਿਆਂ ਸਿੰਘਾਂ ਨੇ ਰੱਬੀ ਭਰੋਸੇ ਵਿੱਚ ਅਡੋਲਤਾ ਅਤੇ ਦ੍ਰਿੜ੍ਹਤਾ ਦੀ ਤਵਾਰੀਖ ਲਿਖ ਦਿੱਤੀ।

ਅੱਜ ਦੇ ਦਿਨ ਦਾ ਇਹ ਇਤਿਹਾਸ ਜਿੱਥੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਸਿੰਘਾਂ ਦੇ ਉੱਚੇ-ਸੁੱਚੇ ਅਡੋਲ ਜੀਵਨ ਦੀ ਮੂੰਹ ਬੋਲਦੀ ਤਸਵੀਰ ਹੈ ਉੱਥੇ ਵਜ਼ੀਰ ਖ਼ਾਨ ਅਤੇ ਹਿੰਦੂ ਰਾਜਿਆਂ ਦੀ ਧੋਖੇਬਾਜ਼ੀ ਅਤੇ ਝੂਠੇ ਆਚਾਰ ਨੂੰ ਨੰਗਾ ਕਰਦਾ ਹੋਇਆ ਇਤਿਹਾਸਿਕ ਸੇਧ ਪ੍ਰਦਾਨ ਕਰਦਾ ਹੈ।

ਆਓ ਅੱਜ ਆਪਾਂ ਇਹ ਪ੍ਰਣ ਕਰੀਏ ਕਿ ਅਸੀਂ ਸਾਰੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਸਿੰਘਾਂ ਵਾਂਗ ਸ਼ਾਂਤੀ ਅਤੇ ਦ੍ਰਿੜ੍ਹਤਾ

ਨਾਲ ਜੀਵਨ ਬਿਤਾਉਂਦਿਆਂ ਘਰਾਂ ਦੇ ਸੁੱਖ ਅਰਾਮ ਛੱਡ ਕੇ ਗੁਰੂ ਕੌਮ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਲਈ ਹਰ ਤਰ੍ਹਾਂ ਦੀ ਕੁਰਬਾਨੀ ਕਰਨ ਲਈ ਤਿਆਰ ਬਰ ਤਿਆਰ ਰਹਾਂਗੇ। ਇਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੈ।

ਕਿਲ੍ਹਾ ਛੱਡਣ ਤੋਂ ਬਾਅਦ ਦਾ ਇਤਿਹਾਸ ਆਪ ਜੀ ਨਾਲ ਰੋਜ਼ਾਨਾ ਲੜੀਵਾਰ ਸਾਂਝਾ ਕੀਤਾ ਜਾਵੇਗਾ। ਇਸ ਸੰਦਰਭ ਵਿੱਚ ਆਤਮ ਪਰਗਾਸ ਸੋਸ਼ਲ ਵੈਲਫ਼ੇਅਰ ਕੌਂਸਲ ਵੱਲੋਂ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਵੀਡੀਓ ਕਲਿੱਪ ਸਾਂਝੇ ਕੀਤੇ ਜਾ ਰਹੇ ਹਨ। ਅੱਜ ਦੇ ਇਤਿਹਾਸ ਦਾ ਵੀਡੀਓ ਕਲਿੱਪ **ਆਤਮ ਪਰਗਾਸ ਫੇਸਬੁੱਕ ਪੇਜ** ਤੇ ਦੇਖੋ ਜੀ।

**ਚਲਦਾ...**

ਆਤਮ ਪਰਗਾਸ ਵੱਲੋਂ 'ਸਚਿਆਰ ਮਨੁੱਖਾਂ' ਦੀ ਘਾੜਤ ਲਈ ਰੋਜ਼ਾਨਾ ਵਿਸ਼ੇਸ਼ ਸਬਕ ਸਾਂਝੇ ਕੀਤੇ ਜਾਂਦੇ ਹਨ। ਸਮਾਜ ਵਿੱਚ ਸਮੇਂ ਦੀ ਕਦਰ ਦੀ ਰੁਚੀ ਪ੍ਰਬਲ ਕਰਨ ਲਈ ਵਿਦਿਆਰਥੀਆਂ ਨੂੰ ਨਵੇਕਲੀ ਸਮਾਂ-ਸਾਰਨੀ ਅਮਲ ਵਿੱਚ ਲਿਆਉਣ ਦੀ ਸਿਖਲਾਈ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਸਰਬਪੱਖੀ ਵਿਕਾਸ ਲਈ ਵਿਦਵਾਨਾਂ ਦੀ ਉਚੇਚੀ ਟੀਮ ਸੇਵਾਵਾਂ ਪ੍ਰਦਾਨ ਕਰਦੀ ਹੈ। ਸੂਝਵਾਨ ਮਾਪੇ ਅਤੇ ਅਧਿਆਪਕ ਇਨ੍ਹਾਂ ਸੇਵਾਵਾਂ ਦਾ ਲਾਹਾ ਲੈ ਸਕਦੇ ਹੋ।

**ਆਤਮ ਪਰਗਾਸ ਸੋਸ਼ਲ ਵੈਲਫ਼ੇਅਰ ਕੌਂਸਲ**

99, ਪ੍ਰੀਤ ਵਿਹਾਰ, ਪੱਖੋਵਾਲ ਰੋਡ, ਲੁਧਿਆਣਾ - 142022

+91 82880-10531 / 32 www.atampargas.org

Like Facebook Page Subscribe YouTube Channel